# 1.78 ਕਰੋੜ ਦੀ ਹੈਰੋਇਨ ਤੇ 3 ਲੱਖ ਦੀ ਡਰੱਗ ਮਨੀ ਸਣੇ 5 ਕਾਬੂ

ਫਿਰੋਜ਼ਪੁਰ/ਤਲਵੰਡੀ ਭਾਈ, 5 ਜੂਨ (ਕੁਮਾਰ, ਮਲਹੋਤਰਾ, ਪਰਮਜੀਤ, ਖੁੱਲਰ, ਗੁਲਾਟੀ)-ਫਿਰੋਜ਼ਪੁਰ ਜ਼ਿਲੇ ਦੀ ਪੁਲਸ ਨੇ 357 ਗ੍ਰਾਮ ਹੈਰੋਇਨ ਅਤੇ 3 ਲੱਖ ਦੀ ਡਰੱਗ ਮਨੀ ਸਮੇਤ 5 ਦੋਸ਼ੀਆਂ ਨੂੰ ਕਾਬੂ ਕੀਤਾ ਹੈ। ਫੜੀ ਗਈ ਹੈਰੋਇਨ ਦੀ ਕੀਮਤ 1.78 ਕਰੋੜ ਰੁਪਏ ਦੱਸੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ. ਐੱਸ. ਪੀ. ਫਿਰੋਜ਼ਪੁਰ ਚਰਨਜੀਤ ਸਿੰਘ ਸੋਹਲ ਨੇ ਦੱਸਿਆ ਕਿ ਐੱਸ. ਪੀ. ਇਨਵੈਸਟੀਗੇਸ਼ਨ, ਡੀ. ਐੱਸ. ਪੀ. ਇਨਵੈਸਟੀਗੇਸ਼ਨ ਅਤੇ ਐੱਸ. ਐੱਚ. ਓ. ਇੰਸਪੈਕਟਰ ਜਗਦੀਸ਼ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਦੋਂ ਐੱਸ. ਆਈ. ਹਰਦੇਵ ਸਿੰਘ ਵਲੋਂ ਪੁਲਸ ਪਾਰਟੀ ਸਮੇਤ ਸ਼ਹੀਦ ਊਧਮ ਸਿੰਘ ਚੌਕ ਫਿਰੋਜ਼ਪੁਰ ਸ਼ਹਿਰ 'ਚ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ ਤਾਂ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਕਿ ਗੁਰਜੰਟ ਸਿੰਘ ਉਰਫ ਗੁਰੀ ਵਾਸੀ ਪਿੰਡ ਮੁੱਠਿਆਂ ਵਾਲਾ ਹੈਰੋਇਨ ਵੇਚਣ ਦਾ ਧੰਦਾ ਕਰਦਾ ਹੈ ਅਤੇ ਅੱਜ ਵੀ ਔਡੀ ਕਾਰ ਨੰਬਰ ਡੀ. ਐੱਲ. 9 ਸੀ. ਐਕਸ. 7200 'ਤੇ ਹੈਰੋਇਨ ਵੇਚਣ ਲਈ ਸ਼ਹਿਰ ਆਇਆ ਹੋਇਆ ਹੈ ਤੇ ਉਸਨੇ ਬਾਬਾ ਨਾਮਦੇਵ ਚੌਕ ਵੱਲ ਜਾਣਾ ਹੈ।

ਉਨ੍ਹਾਂ ਨੇ ਦੱਸਿਆ ਕਿ ਇਸ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਸ ਪਾਰਟੀ ਨੇ ਬਾਬਾ ਨਾਮਦੇਵ ਚੌਕ ਦੇ ਇਲਾਕੇ 'ਚ ਪੂਰੀ ਤਰ੍ਹਾਂ ਨਾਕਾਬੰਦੀ ਕਰ ਦਿੱਤੀ ਅਤੇ ਕਾਰ 'ਤੇ ਆਉਂਦੇ ਨਾਮਜ਼ਦ ਵਿਅਕਤੀ ਨੂੰ ਕਾਬੂ ਕਰ ਕੇ ਜਦੋਂ ਉਸਦੀ ਤਲਾਸ਼ੀ ਲਈ ਤਾਂ ਉਸ ਕੋਲੋਂ 300 ਗ੍ਰਾਮ ਹੈਰੋਇਨ, 3 ਲੱਖ ਦੀ ਭਾਰਤੀ ਕਰੰਸੀ ਡਰੱਗ ਮਨੀ, 2 ਮੋਬਾਈਲ ਫੋਨ ਰੀਅਲ ਮੀ ਅਤੇ ਇਕ ਹੋਰ ਆਈਫੋਨ 12 ਪ੍ਰੋ ਬਰਾਮਦ ਕੀਤਾ ਗਿਆ। ਕਾਬੂ ਕੀਤੇ ਵਿਅਕਤੀ



ਖਿਲਾਫ ਥਾਣਾ ਸਿਟੀ 'ਚ ਕੇਸ ਦਰਜ ਕਰ ਕੇ ਉਸ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ।

ਇਸੇ ਤਰ੍ਹਾਂ ਨਾਰਕੋਟਿਕਸ ਕੰਟਰੋਲ ਸੈੱਲ ਦੀ ਪੁਲਸ ਨੇ ਏ. ਐੱਸ. ਆਈ. ਅੰਗਰੇਜ਼ ਸਿੰਘ ਦੀ ਅਗਵਾਈ ਹੇਠ ਕੈਨਾਲ ਕਾਲੋਨੀ ਏਰੀਆ ਅਤੇ ਪਿੰਡ ਤੂੰਬੜ ਭੰਨ ਦੇ ਏਰੀਆ 'ਚ ਏ. ਐੱਸ. ਆਈ. ਗੁਰਮੇਜ ਸਿੰਘ ਦੀ ਅਗਵਾਈ ਹੇਠ ਤਲਵੰਡੀ ਭਾਈ ਦੀ ਪੁਲਸ ਨੇ 4 ਵਿਅਕਤੀਆਂ ਨੂੰ 57 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਏ. ਐੱਸ. ਆਈ. ਅੰਗਰੇਜ਼ ਸਿੰਘ ਨੇ ਦੱਸਿਆ ਕਿ ਜਦੋਂ ਉਨ੍ਹਾਂ ਦੀ ਪੁਲਸ ਪਾਰਟੀ ਫਿਰੋਜ਼ਪੁਰ ਦੀ ਕੈਨਾਲ ਕਾਲੋਨੀ 'ਚ ਤਿਕੋਣੀ ਮੋੜ ਨੇੜੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਰਹੀ ਸੀ ਤਾਂ ਉਨ੍ਹਾਂ ਨੇ ਇਕ ਚਿੱਟੇ ਰੰਗ ਦੀ ਆਈ ਟਵੰਟੀ ਕਾਰ ਨੂੰ ਰੋਕਿਆ, ਜਿਸ 'ਚ 2 ਵਿਅਕਤੀ ਸਵਾਰ ਸਨ ਅਤੇ ਜਦੋਂ ਉਨ੍ਹਾਂ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 50 ਗ੍ਰਾਮ ਉਸ ਕੋਲੋਂ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਫੜੇ ਗਏ ਦੋਵਾਂ ਵਿਅਕਤੀਆਂ ਨੇ ਪੁਲਸ ਨੂੰ ਆਪਣਾ ਨਾਮ ਆਕਾਸ਼ ਅਤੇ ਗੁਰਪ੍ਰੀਤ ਉਰਫ ਗੋਲਡੀ ਦੱਸਿਆ, ਜਿਨ੍ਹਾਂ ਖਿਲਾਫ ਥਾਣਾ ਸਦਰ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ।

ਦੂਜੇ ਪਾਸੇ ਥਾਣਾ ਤਲਵੰਡੀ ਭਾਈ ਦੇ ਏ. ਐੱਸ. .ਆਈ ਗੁਰਮੇਜ਼ ਸਿੰਘ ਨੇ ਦੱਸਿਆ ਕਿ ਜਦੋਂ ਉਨ੍ਹਾਂ ਦੀ ਪੁਲਸ ਪਾਰਟੀ ਪਿੰਡ ਤੁੰਬੜ ਭੰਨ ਦੇ ਏਰੀਏ 'ਚ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਰਹੀ ਸੀ ਤਾਂ ਸਾਹਮਣੇ ਤੋਂ 2 ਸ਼ੱਕੀ ਵਿਅਕਤੀ ਆ ਰਹੇ ਸਨ, ਜਿਨ੍ਹਾਂ ਨੂੰ ਸ਼ੱਕ ਦੇ ਅਧਾਰ 'ਤੇ ਗ੍ਰਿਫਤਾਰ ਕਰ ਕੇ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 7 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਵਲੋਂ ਪੁੱਛਗਿੱਛ ਕਰਨ 'ਤੇ ਕਾਬੂ ਕੀਤੇ ਵਿਅਕਤੀਆਂ ਨੇ ਆਪਣੇ ਨਾਮ ਗੁਰਮੇਲ ਸਿੰਘ ਅਤੇ ਜਗਸੀਰ ਸਿੰਘ ਦੱਸੇ ਹਨ, ਜਿਨ੍ਹਾਂ ਖਿਲਾਫ ਥਾਣਾ ਤਲਵੰਡੀ ਭਾਈ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ।

ਜਗ ਬਾਣੀ ਈ-ਪੇਪਰ
Mon,06 June 2022
Edition: firozpur bani, Page no. 1